# ਦਫਤਰ ਜਿਲ੍ਹਾ ਮੈਜਿਸਟਰੇਟ, ਪਠਾਨਕੋਟ

(ਫੁਟਕਲ ਸ਼ਾਖਾ)

ਹੁਕਮ:

ਜਿਵੇਂ ਕਿ ਭਾਰਤ ਸਰਕਾਰ ਵਲੋਂ ਪੂਰੇ ਭਾਰਤ ਵਿੱਚ ਕੋਵਿਡ-19 (ਕੋਰੋਨਾ ਵਾਇਰਸ) ਨੂੰ ਮਹਾਮਾਰੀ ਘੋਸ਼ਿਤ ਕੀਤਾ ਗਿਆ ਹੈ। ਜਿਸ ਦੇ ਸਨਮੁੱਖ ਇਸ ਦਫਤਰ ਵਲੋਂ ਆਪਣੇ ਹੁਕਮ ਪਿੱਠ ਅੰਕਣ ਨੰ: ਐਮ.ਏ/ 1710-57, ਮਿਤੀ 23.03.2020 ਰਾਹੀਂ ਜਿਲ੍ਹਾ ਪਠਾਨਕੋਟ ਦੀ ਹਦੂਦ ਅੰਦਰ ਕਰਫਿਊ ਦਾ ਹੁਕਮ ਜਾਰੀ ਕੀਤਾ ਗਿਆ ਹੈ। ਕਿਉਂਜੋ ਹੁਣ ਨਿਮਨਹਸਤਾਖਰ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਜਿਲ੍ਹਾ ਪਠਾਨਕੋਟ ਦੇ ਕਈ ਪ੍ਰਾਈਵੇਟ ਹਸਪਤਾਲਾਂ ਨੇ ਮੈਡੀਕਲ ਸੁਵਿਧਾਵਾਂ ਦੇਣੀਆਂ ਬਿਲਕੁੱਲ ਬੰਦ ਕਰ ਦਿੱਤੀਆਂ ਹਨ। ਜਿਸ ਕਾਰਨ ਆਮ ਪਬਲਿਕ ਨੂੰ ਅਜਿਹੀ ਆਪਾਤਕਾਲੀਨ ਸਥਿਤੀ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਇਸ ਲਈ ਕੋਵਿਡ-19 ਮਹਾਮਾਰੀ ਦੇ ਜਾਨਲੇਵਾ ਪ੍ਰਭਾਵਾਂ ਨੂੰ ਦੇਖਦੇ ਹੋਏ ਆਮ ਜਨਤਾ ਨੂੰ ਮੈਡੀਕਲ ਸੁਵਿਧਾਵਾਂ (ਓ.ਪੀ.ਡੀ ਰਾਹੀਂ) ਪਹੁੰਚਾਉਣ ਲਈ ਜਿਲ੍ਹਾ ਪਠਾਨਕੋਟ ਦੇ ਸਮੂਹ ਪ੍ਰਾਈਵੇਟ ਹਸਪਤਾਲਾਂ ਨੂੰ Epidemic Diseases Act, 1897 ਤਹਿਤ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਕੋਈ ਮਰੀਜ ਅਜਿਹੀ ਐਮਰਜੈਂਸੀ ਦੌਰਾਨ ਉਹਨਾਂ ਦੇ ਹਸਤਪਾਲ ਵਿਖੇ ਆਪਣੇ ਇਲਾਜ ਲਈ ਪਹੁੰਚ ਕਰਦਾ ਹੈ ਤਾਂ ਸਬੰਧਤ ਪ੍ਰਾਈਵੇਟ ਹਸਪਤਾਲ ਉਸ ਮਰੀਜ ਨੂੰ ਮੈਡੀਕਲ ਸੁਵਿਧਾ ਪਹੁੰਚਾਉਣਾ ਯਕੀਨੀ ਬਣਾਉਣ। ਕਿਸੇ ਵੀ ਹਾਲਾਤ ਵਿੱਚ ਪ੍ਰਾਈਵੇਟ ਹਸਪਤਾਲਾਂ ਦੀਆਂ ਮੈਡੀਕਲ ਸੁਵਿਧਾਵਾਂ ਨੂੰ ਬੰਦ ਨਹੀਂ ਕੀਤਾ ਜਾਣਾ ਹੈ।

ਇਸ ਤੋਂ ਇਲਾਵਾ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਮਰੀਜਾਂ ਦੇ ਇਲਾਜ ਸਮੇਂ ਕੋਵਿਡ-19 ਦੀਆਂ ਹਦਾਇਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ Social Distancing, Sanitization, Hand Sanitization, Wearing Masks ਆਦਿ ਦਾ ਪੂਰਾ-ਪੂਰਾ ਪਾਲਣਾ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ। ਸਿਵਲ ਸਰਜਨ, ਪਠਾਨਕੋਟ ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਾਉਣੀ ਯਕੀਨੀ ਬਣਾਉਣਗੇ।

ਇਹ ਹੁਕਮ ਜਿਲ੍ਹਾ ਪਠਾਨਕੋਟ ਦੀ ਹਦੂਦ ਅੰਦਰ ਪੈਂਦੇ ਪ੍ਰਾਈਵੇਟ ਹਸਪਤਾਲਾਂ ਤੇ ਲਾਗੂ ਹੋਣਗੇ।

ਮਿਤੀ: 04.04.2020

(ਗੁਰਪ੍ਰੀਤ ਸਿੰਘ ਖਹਿਰਾ), ਆਈ.ਏ.ਐਸ
ਜਿਲ੍ਹਾ ਮੈਜਿਸਟਰੇਟ, ਪਠਾਨਕੋਟ।

ਪਿੱਠ ਅੰਕਣ ਨੰ: ਐਮ.ਏ/ 2466-78 ਮਿਤੀ: 04/04/2020

ਉਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ਜੀ:-

1) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2) ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
3) ਕਮਿਸ਼ਨਰ, ਜਲੰਧਰ ਮੰਡਲ, ਜਲੰਧਰ।

4) ਸੀਨੀਅਰ ਪੁਲਿਸ ਕਪਤਾਨ, ਪਠਾਨਕੋਟ।
5) ਵਧੀਕ ਡਿਪਟੀ ਕਮਿਸ਼ਨਰ (ਜ), ਪਠਾਨਕੋਟ।
6) ਕਮਿਸ਼ਨਰ, ਨਗਰ ਨਿਗਮ, ਪਠਾਨਕੋਟ।
7) ਉਪ ਮੰਡਲ ਮੈਜਿਸਟਰੇਟ, ਪਠਾਨਕੋਟ/ਧਾਰਕਲਾਂ।
8) ਸਿਵਲ ਸਰਜਨ, ਪਠਾਨਕੋਟ।
9) ਜਿਲ੍ਹਾ ਮਾਲ ਅਫਸਰ, ਪਠਾਨਕੋਟ।
10) ਤਹਿਸੀਲਦਾਰ, ਪਠਾਨਕੋਟ/ਧਾਰਕਲਾਂ।
11) ਜਿਲ੍ਹਾ ਲੋਕ ਸੰਪਰਕ ਅਫਸਰ, ਪਠਾਨਕੋਟ।

(ਗੁਰਪ੍ਰੀਤ ਸਿੰਘ ਖਹਿਰਾ), ਆਈ.ਏ.ਐਸ
ਜਿਲ੍ਹਾ ਮੈਜਿਸਟਰੇਟ, ਪਠਾਨਕੋਟ।